# ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰਾਜੈਕਟ

**ਡਾਇਰੈਕਟਰ ਸਰਵ ਸਿੱਖਿਆ ਅਭਿਆਨ ਅਥਾਰਿਟੀ,ਪੰਜਾਬ।**

**ਸਿੱਖਿਆ ਭਵਨ(ਪੰਜਾਬ ਸਕੂਲ ਸਿੱਖਿਆ ਬੋਰਡ),ਪੰਜਵੀਂ ਮੰਜ਼ਿਲ,ਬਲਾਕ-ਈ,ਫੇਜ਼-8,ਅਜੀਤਗੜ੍ਹ(ਮੋਹਾਲੀ)**

**ਪੰਜਾਬ-160062 ਫੋਨ ਨੰ: 0172-5212313,5212359 ਫੈਕਸ ਨੰ:0172-5212369,5212370**

**ਈ-ਮੇਲ:ddssa777@gmail.com Website: ssapunjab.org**


**ਇਨਫੋਰਸਮੈਂਟ ਸ਼ਾਖਾ**

ਹੁਕਮ ਨੰ:ਇਨਫੋਰਸਮੈਂਟ-2/2013/(209321)
ਮਿਤੀ: ਐਸ.ਏ.ਐਸ ਨਗਰ: 28-11-2014

ਸ੍ਰੀ ਕਮਲਦੀਪ ਸਿੰਘ, ਵੋਕੇਸ਼ਨਲ ਮਾਸਟਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਇਲ ਜਿਲਾ ਲੁਧਿਆਣਾ ਨੂੰ ਮਿਤੀ: 01-12-13 ਤੋ ਸਰਕਾਰੀ ਡਿਊਟੀ ਤੋ ਅਣ-ਅਧਿਕਾਰਤ ਤੋਰ ਤੇ ਗੈਰਹਾਜਰ ਕਾਰਨ ਵੱਡੀ ਸਜਾ ਦੇਣ ਲਈ ਲਈ ਪੰਜਾਬ ਸਿਵਲ ਸੇਵਾਵਾਂ (ਸਜ਼ਾ ਤੇ ਅਪੀਲ) ਨਿਯਮਾਂਵਾਲੀ 1970 ਦੇ ਨਿਯਮ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ, ਪਰ ਕਰਮਚਾਰੀ ਵੱਲੋ ਦੋਸ਼ ਸੂਚੀ ਦਾ ਕੋਈ ਉਤਰ ਨਹੀ ਦਿੱਤਾ ਗਿਆ। ਉਸ ਵਿਰੁੱਧ ਜਾਰੀ ਦੋਸ਼ ਸੂਚੀ ਵਿੱਚ ਲੱਗੇ ਦੋਸ਼ਾਂ ਦੀ ਸਚਾਈ ਜਾਨਣ ਲਈ ਜਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਲੁਧਿਆਣਾ ਨੂੰ ਪੜਤਾਲੀਆ ਅਫ਼ਸਰ ਨਿਯੁਕਤ ਕੀਤਾ ਗਿਆ ਸੀ।ਪੜਤਾਲੀਆ ਅਫਸਰ ਵੱਲੋ ਪ੍ਰਾਪਤ ਪੜਤਾਲ ਰਿਪੋਰਟ ਅਨੁਸਾਰ ਕਰਮਚਾਰੀ ਵਿਰੁੱਧ ਮਿਤੀ: 01-12-2013 ਤੋ ਬਿਨ੍ਹਾ ਕੋਈ ਸੂਚਨਾਂ ਦਿੱਤੇ ਅਣ-ਅਧਿਕਾਰਤ ਤੋਰ ਤੇ ਗੈਰ-ਹਾਜਰ ਰਹਿਣ ਦਾ ਦੋਸ਼ ਸਿੱਧ ਹੁੰਦਾ ਹੈ।ਪੜਤਾਲੀਆ ਅਫਸਰ ਵੱਲੋ ਪ੍ਰਾਪਤ ਹੋਈ ਪੜਤਾਲ ਰਿਪੋਰਟ ਦੇ ਆਧਾਰ ਤੇ ਦੋ ਅਖਬਾਰਾਂ ਵਿੱਚ ਦਿੱਤੇ ਪਬਲਿਕ ਨੋਟਿਸ ਰਾਹੀ ਸਬੰਧਤ ਕਰਮਚਾਰੀ ਨੂੰ 21 ਦਿਨ੍ਹਾ ਦੇ ਅੰਦਰ ਅੰਦਰ ਇਸ ਦਫਤਰ ਵਿਖੇ ਨਿੱਜੀ ਤੋਰ ਤੇ ਜਾਂ ਲਿਖਤੀ ਰੂਪ ਵਿੱਚ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਪਰ ਕਰਮਚਾਰੀ ਵੱਲੋ ਪਬਲਿਕ ਨੋਟਿਸ ਦੇ ਉਤਰ ਵਿੱਚ ਬੇਨਤੀ ਕੀਤੀ ਹੈ ਕਿ ਉਸ ਨੂੰ ਹਾਜਰ ਹੋਣ ਲਈ. ਘੱਟੋ ਘੱਟ ਤਿੰਨ ਮਹੀਨੇ ਦਾ ਹੋਰ ਸਮਾ ਦਿੱਤਾ ਜਾਵੇ। ਕਰਮਚਾਰੀ ਵੱਲੋ ਦੋਸ਼ ਸੂਚੀ ਦਾ ਉਤਰ ਨਾ ਦੇਣਾ, ਵਿਭਾਗੀ ਪੜਤਾਲ ਵਿੱਚ ਸ਼ਾਮਿਲ ਨਾ ਹੋਣਾ ਅਤੇ ਵਿਭਾਗ ਦੀ ਆਗਿਆ ਤੋ ਬਿਨ੍ਹਾ ਵਿਦੇਸ਼ ਰਹਿ ਰਿਹਾ ਹੈ ਅਤੇ ਵਿਭਾਗ ਨਾਲ ਵਾਧੂ ਦੀ ਲਿਖਾਪੜੀ ਕਰਕੇ ਵਿਭਾਗ ਦਾ ਸਮਾ ਬਰਬਾਦ ਕਰ ਰਿਹਾ ਹੈ।ਉਪਰੋਕਤ ਤੋ ਸਪੱਸ਼ਟ ਹੈ ਕਿ ਕਰਮਚਾਰੀ ਦੀ ਸਰਕਾਰੀ ਨੌਕਰੀ ਕਰਨ ਵਿੱਚ ਕੋਈ ਦਿਲਚਸਪੀ ਨਹੀ ਹੈ ਅਤੇ ਉਹ ਵਿਦੇਸ਼ ਸੈਂਟਲ ਹੋ ਚੁੱਕਾ ਹੈ।

ਇਸ ਲਈ ਮੈਂ **ਜੀ.ਕੇ.ਸਿੰਘ, ਆਈ.ਏ.ਐਸ.** ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ, ਪੜਤਾਲ ਰਿਪੋਰਟ ਅਤੇ ਉਸ ਦੀ ਗੈਰ ਹਾਜਰੀ ਨਾਲ ਸਬੰਧਤ ਰਿਕਾਰਡ ਨੂੰ ਘੋਖਣ ਉਪਰੰਤ ਇਸ ਸਿੱਟੇ ਤੇ ਪੁੱਜਾ ਹਾਂ ਕਿ ਸ੍ਰੀ ਕਮਲਦੀਪ ਸਿੰਘ, ਵੋਕੇਸ਼ਨਲ ਮਾਸਟਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ

ਪਾਇਲ ਜਿਲਾ ਲੁਧਿਆਣਾ ਨੂੰ ਮਿਤੀ: 01-12-13 ਤੋ ਜਾਣ ਬੁੱਝ ਕੇ ਆਪਣੀ ਡਿਊਟੀ ਤੋ ਗੈਰ-ਹਾਜਰ ਹੈ ਅਤੇ ਉਹ ਸਰਕਾਰੀ ਸੇਵਾ ਕਰਨ ਵਿੱਚ ਕੋਈ ਦਿਲਚਸਪੀ ਨਹੀ ਰੱਖਦਾ। ਸ੍ਰੀ ਕਮਲਦੀਪ ਸਿੰਘ, ਵੋਕੇਸ਼ਨਲ ਮਾਸਟਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਇਲ ਜਿਲਾ ਲੁਧਿਆਣਾ ਨੂੰ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ, 1970 ਦੇ ਨਿਯਮ 5 (Viii) ਵੱਡੀਆ ਸਜ਼ਾਵਾਂ ਵਿੱਚ ਵਰਣਿਤ ਸਜ਼ਾ ਦਿੰਦੇ ਹੋਏ ਉਸ ਦੀਆ ਸੇਵਾਵਾਂ ਮਿਤੀ: 01-12-2013 ਤੋ ਖਤਮ ਕੀਤੀਆ ਜਾਂਦੀਆ ਹਨ।

ਜੀ. ਕੇ. ਸਿੰਘ, ਆਈ. ਏ ਐਸ.
**ਡਾਇਰੈਕਟਰ ਜਨਰਲ ਸਕੂਲ ਸਿੱਖਿਆ**

ਪਿੱਠ ਅੰਕਣ ਨੰ: ਇੰਫੋ-2/2013(209321) 7743

ਮਿਤੀ: ਐਸ. ਏ. ਐਸ ਨਗਰ: 10/12/14

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਲੋੜੀਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1) ਡੀ. ਪੀ. ਆਈ (ਸੈ:ਸਿ:)ਪੰਜਾਬ ।
2) ਮੰਡਲ ਸਿੱਖਿਆ ਅਫਸਰ ਪਟਿਆਲਾ ਮੰਡਲ ਨਾਭਾ।
3) ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਲੁਧਿਆਣਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਵਿਦੇਸ਼/ਪੱਕੇ ਪਤੇ ਤੇ ਸਰਵ ਕਰਵਾ ਕੇ ਇਸ ਦਫਤਰ ਨੂੰ ਸੂਚਿਤ ਕੀਤਾ ਜਾਵੇ।
4) ਪ੍ਰਿੰਸੀਪਲ,ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਇਲ ਜਿਲ੍ਹਾ ਲੁਧਿਆਣਾ।
5) ਸ੍ਰੀ ਕਮਲਦੀਪ ਸਿੰਘ ਪੁੱਤਰ ਸ੍ਰੀ ਰਣਜੀਤ ਸਿੰਘ, ਪਿੰਡ ਤੇ ਡਾਕਖਾਨਾ ਘੁੰਗਰਾਲੀ ਰਾਜਪੂਤਾਂ ਤਹਿਸੀਲ ਖੰਨਾ ਜਿਲ੍ਹਾ ਲੁਧਿਆਣਾ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**